ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਜ਼ਿਲ੍ਹਾ ਹਸਪਤਾਲ ਨੂੰ ਮਰੀਜ਼ਾਂ ਦੀ ਦੇਖ ਭਾਲ ਲਈ ਮੈਡੀਕਲ ਸਮੱਗਰੀ ਭੇਟ

ਵਿਸ਼ਵ ਜਾਗ੍ਰਿਤੀ ਮਿਸ਼ਨ, ਸਰਹਿੰਦ ਵੱਲੋਂ ਦਿੱਤੀ ਗਈ ਸਮੱਗਰੀ

ਕੋਰੋਨਾ ਵਾਇਰਸ ਦੇ ਖ਼ਾਤਮੇ ਲਈ ਕੰਮ ਕਰ ਰਹੇ ਅਮਲੇ ਦਾ ਸਨਮਾਨ

ਫ਼ਤਹਿਗੜ੍ਹ ਸਾਹਿਬ, 16 ਅਪ੍ਰੈਲ

ਵਿਸ਼ਵ ਜਾਗ੍ਰਿਤੀ ਮਿਸ਼ਨ, ਸਰਹਿੰਦ ਵੱਲੋਂ ਜ਼ਿਲ੍ਹਾ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਮਰੀਜ਼ਾਂ ਦੀ ਦੇਖ ਭਾਲ ਲਈ ਲੋੜੀਂਦਾ ਮੈਡੀਕਲ ਸਮਾਨ ਜਿਸ ਵਿੱਚ 10 ਸਟੀਮ ਇਨਹੇਲਰ, 10 ਡਿਜ਼ੀਟਲ ਬੀ.ਪੀ. ਅਪਰੇਟਸ, 05 ਸਟੈਥੋਸਕੋਪ, 10 ਨੇਬੂਲਾਈਜੇਸ਼ਨ ਮਸ਼ੀਨਾਂ, 01 ਪਲਸ ਓਕਸੀਮੀਟਰ, 10 ਸਟਰੈਚਰ, 25 ਬੈਡ ਪੈਨ, 25 ਯੂਰੀਨ ਪੌਟ, 04 ਵੀਲ੍ਹਚੇਅਰ ਅਤੇ 01 ਪੇਸ਼ੈਂਟ ਟਰਾਲੀ ਭੇਟ ਕੀਤੀ ਗਈ।

ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਅਤੇ ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਨੇ ਵਿਸ਼ਵ ਜਾਗ੍ਰਿਤੀ ਮਿਸ਼ਨ ਦੇ ਸਮੂਹ ਆਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਵਿਸ਼ਵ ਜਾਗ੍ਰਿਤੀ ਮਿਸ਼ਨ ਵੱਲੋਂ ਕੀਤਾ ਗਿਆ ਇਹ ਉਪਰਾਲਾ ਕੋਵਿਡ-19 ਵਿਸ਼ਵ ਵਿਆਪੀ ਮਹਾਂਮਾਰੀ ਨਾਲ ਲੜਨ ਵਿੱਚ ਸਹਾਈ ਹੋਵੇਗਾ। ਵਿਸ਼ਵ ਜਾਗ੍ਰਿਤੀ ਮਿਸ਼ਨ, ਸਰਹਿੰਦ ਵੱਲੋਂ ਕੋਰੋਨਾ ਖਿਲਾਫ ਲੜੀ ਜਾ ਰਹੀ ਜੰਗ ਵਿੱਚ ਸਾਰੇ ਡਾਕਟਰਾਂ, ਨਰਸਾਂ ਤੇ ਪੈਰਾ ਮੈਡੀਕਲ ਸਟਾਫ ਦਾ ਤਾੜੀਆਂ ਮਾਰ ਕੇ ਅਤੇ ਉਨ੍ਹਾਂ 'ਤੇ ਫੁੱਲ ਵਰ੍ਹਾ ਕੇ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਸਵਪਨਜੀਤ ਕੌਰ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਪ੍ਰਸ਼ੋਤਮ ਦਾਸ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਗਦੀਸ਼ ਸਿੰਘ, ਜ਼ਿਲ੍ਹਾ ਸਿਹਤ ਅਫਸਰ ਡਾ. ਨਵਜੋਤ ਕੌਰ, ਐਸ.ਐਮ.ਓ. ਡਾ. ਕੁਲਦੀਪ ਸਿੰਘ, ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫਸਰ ਪਰਮਿੰਦਰ ਸਿੰਘ, ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ, ਵਿਸ਼ਵ ਜਾਗ੍ਰਿਤੀ ਮਿਸ਼ਨ ਸਰਹਿੰਦ ਦੇ ਪ੍ਰਧਾਨ ਅਸ਼ਵਨੀ ਗਰਗ, ਡਾ. ਹਿਤੇਂਦਰ ਸੂਰੀ, ਜਗਦੀਸ਼ ਵਰਮਾ, ਕ੍ਰਿਸ਼ਨ ਗੁਪਤਾ, ਰਾਕੇਸ਼ ਗੁਪਤਾ, ਅਸ਼ੋਕ ਬਾਂਸਲ, ਸੁਨੀਲ ਵਰਮਾ, ਰਾਜ ਕੁਮਾਰ ਵਰਮਾ, ਵਿਨੇ ਗੁਪਤਾ ਮੌਜੂਦ ਸਨ।

File No.DIPR-PRSS0PRS1(356)/306/2020-DPRO Fatehgarh Sahib
I/18700/2020
http://diprpunjab.gov.in/?q=node/10721

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕਣਕ ਦੀ ਖਰੀਦ ਮੌਕੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ ਦੀ ਪਾਲਣਾ ਬਣਾਈ ਜਾ ਰਹੀ ਹੈ ਯਕੀਨੀ : ਡਿਪਟੀ ਕਮਿਸ਼ਨਰ

ਮੰਡੀਆਂ ਵਿੱਚ ਕਿਸਾਨਾਂ ਨੂੰ ਨਹੀਂ ਆਉਣ ਦਿੱਤੀ ਜਾਵੇਗੀ ਕੋਈ ਮੁਸ਼ਕਲ

ਕਿਸਾਨ ਕੂਪਨਾਂ ਅਨੁਸਾਰ ਹੀ ਆਪਣੇ ਫਸਲ ਲੈ ਕੇ ਮੰਡੀਆਂ ਵਿੱਚ ਆਉਣ

ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 97 ਮੀਟ੍ਰਿਕ ਟਨ ਕਣਕ ਦੀ ਆਮਦ; 72 ਮੀਟ੍ਰਿਕ ਟਨ ਦੀ ਹੋਈ ਖਰੀਦ

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਪੁਲਿਸ ਮੁਖੀ ਨਾਲ ਖਮਾਣੋਂ ਅਨਾਜ ਮੰਡੀ ਵਿਖੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ

ਖਮਾਣੋਂ/ਫ਼ਤਹਿਗੜ੍ਹ ਸਾਹਿਬ, 16 ਅਪ੍ਰੈਲ :

ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਤੇ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਨੇ ਕਣਕ ਦੀ ਖਰੀਦ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਖਮਾਣੋਂ ਅਨਾਜ ਮੰਡੀ ਦਾ ਦੌਰਾ ਕੀਤਾ । ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 97 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ ਤੇ 72 ਮੀਟ੍ਰਿਕ ਟਨ ਦੀ ਖਰੀਦ ਹੋਈ ਹੈ। ਕਿਸਾਨ ਆਪਣੀ ਫਸਲ ਪਹਿਲਾਂ ਮੁਹੱਈਆ ਕਰਵਾਏ ਗਏ ਕੂਪਨਾਂ ਨਾਲ ਹੀ ਲੈ ਕੇ ਪੁੱਜ ਰਹੇ ਹਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਕਣਕ ਦੀ ਖਰੀਦ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਹਨ। ਕਣਕ ਦੀ ਫਸਲ ਖਰੀਦਣ ਲਈ ਜ਼ਿਲ੍ਹੇ ਵਿੱਚ 33 ਮੰਡੀਆਂ ਦੇ ਨਾਲ-ਨਾਲ 24 ਸ਼ੈਲਰਾਂ ਦੀ ਵੀ ਖਰੀਦ ਕੇਂਦਰ ਵਜੋਂ ਵਰਤੋਂ ਕੀਤੀ ਜਾ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਸ਼ੈਲਰਾਂ ਨੂੰ ਵੀ ਇਸ ਘੇਰੇ ਵਿੱਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਕਣਕ ਦੀ ਵਾਢੀ ਤੇ ਖਰੀਦ ਦੌਰਾਨ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਸਾਰੀਆਂ ਲੋੜੀਂਦੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਰਹੀ ਹੈ।

ਸ਼੍ਰੀਮਤੀ ਗਿੱਲ ਨੇ ਦੱਸਿਆ ਕਿ ਜਿਹੜੇ ਕਿਸਾਨਾਂ ਨੂੰ ਆੜ੍ਹਤੀਆਂ ਜ਼ਰੀਏ ਟੌਕਨ ਜਾਰੀ ਕੀਤੇ ਗਏ ਹਨ ਅਤੇ ਜਿਹੜੇ ਕਿਸਾਨ ਨੂੰ ਜਿਹੜੇ ਦਿਨ ਦਾ ਟੋਕਨ ਮਿਲਿਆ ਹੈ, ਉਹ ਉਸੇ ਦਿਨ ਹੀ ਆਪਣੀ ਫਸਲ ਮੰਡੀ ਵਿੱਚ ਲੈ ਕੇ ਆਵੇਗਾ। ਇਸ ਨਾਲ ਮੰਡੀ ਵਿੱਚ ਭੀੜ ਹੋਣ ਤੋਂ ਬਚਾਅ ਹੋਵੇਗਾ ਅਤੇ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋ ਦੱਸੀਆਂ ਸਾਰੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾ ਸਕੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੇ ਬੈਠਣ ਲਈ ਛਾਂ ਦਾਰ ਜਗ੍ਹਾ, ਪੀਣ ਵਾਲਾ ਪਾਣੀ ਤੇ ਪਖਾਨਿਆਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਸ਼੍ਰੀਮਤੀ ਗਿੱਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿੱਚ ਰਹਿ ਕੇ ਹੀ ਕੋਰੋਨਾ ਖਿਲਾਫ ਜੰਗ ਵਿੱਚ ਪੰਜਾਬ ਸਰਕਾਰ ਦਾ ਸਾਥ ਦੇਣ। ਇਸ ਮੌਕੇ ਐਸ. ਪੀ. ਹਰਪਾਲ ਸਿੰਘ, ਐਸ.ਡੀ. ਐਮ. ਪਰਮਜੀਤ ਸਿੰਘ, ਡੀ.ਐੱਸ.ਪੀ. ਧਰਮਪਾਲ ਸਿੰਘ, ਡੀ.ਐਸ. ਪੀ. ਜਸਵਿੰਦਰ ਸਿੰਘ ਟਿਵਾਣਾ, ਆੜ੍ਹਤੀ ਐਸੋਸੀਏਸ਼ਨ ਖਮਾਣੋਂ ਦੇ ਪ੍ਰਧਾਨ ਤੇਜਿੰਦਰ ਸਿੰਘ ਢਿੱਲੋਂ, ਚੇਅਰਮੈਨ

ਮਾਰਕੀਟ ਕਮੇਟੀ ਸੁਰਿੰਦਰ ਸਿੰਘ ਰਾਮਗੜ੍ਹ, ਸਕੱਤਰ ਮਾਰਕੀਟ ਕਮੇਟੀ ਦੇਸ ਰਾਜ, ਅਮਰਜੀਤ ਸਿੰਘ ਸੋਹਲ ਪ੍ਰਧਾਨ ਬਲਾਕ ਕਾਂਗਰਸ ਖਮਾਣੋਂ ਵੀ ਮੌਜੂਦ ਸਨ।

File No.DIPR-PRSS0PRS1(356)/306/2020-DPRO Fatehgarh Sahib I/18701/2020

http://diprpunjab.gov.in/?q=node/10720

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਚਨਾਰਥਲ ਕਲਾਂ ਦੇ ਕਮਿਊਨਿਟੀ ਹੈਲਥ ਸੈਂਟਰ ਵਿੱਚ ਬਣਾਏ ਸਪੈਸ਼ਲ ਆਈਸੋਲੇਸ਼ਨ ਵਾਰਡ : ਡਾ. ਰਮਿੰਦਰ ਕੌਰ

ਪਿੰਡਾਂ ਦੇ ਲੋਕਾਂ ਨੂੰ ਇਸ ਖਤਰਨਾਕ ਮਹਾਂਮਾਰੀ ਤੋਂ ਬਚਾਅ ਲਈ ਕੀਤਾ ਜਾ ਰਿਹੈ ਜਾਗਰੂਕ

ਫ਼ਤਹਿਗੜ੍ਹ ਸਾਹਿਬ, 16 ਅਪ੍ਰੈਲ :

ਸਿਵਲ ਸਰਜਨ ਡਾ. ਐਨ.ਕੇ. ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਮਿਊਨਿਟੀ ਹੈਲਥ ਸੈਂਟਰ ਚਨਾਰਥਲ ਕਲਾਂ ਵਿਖੇ ਕੋਰੋਨਾ ਵਾਇਰਸ ਦੇ ਸ਼ੱਕੀ ਮਰੀਜ਼ਾਂ ਲਈ ਸਪੈਸ਼ਲ ਆਈਸੋਲੇਸ਼ਨ ਵਾਰਡ ਤਿਆਰ ਕੀਤੇ ਗਏ ਹਨ ਅਤੇ ਸ਼ੱਕੀ ਮਰੀਜ਼ਾਂ ਦੇ ਸੰਪਰਕ ਵਿੱਚ ਆਏ ਲੋਕਾਂ ਨੂੰ ਇਕਾਂਤਵਾਸ ਵਿੱਚ ਰੱਖਿਆ ਗਿਆ ਹੈ ਤਾਂ ਜੋ ਇਸ ਮਹਾਂਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਇਸ ਗੱਲ ਦੀ ਜਾਣਕਾਰੀ ਕਮਿਊਨਿਟੀ ਹੈਲਥ ਸੈਂਟਰ ਚਨਾਰਥਲ ਕਲਾਂ ਦੀ ਐਸ.ਐਮ.ਓ. (ਅੱਖ, ਨੱਕ ਤੇ ਗਲੇ ਦੀ ਮਾਹਰ) ਡਾਕਟਰ ਰਮਿੰਦਰ ਕੌਰ ਵਾਲੀਆ ਨੇ ਗੱਲਬਾਤ ਕਰਦਿਆਂ ਦਿੱਤੀ। ਉਨ੍ਹਾਂ ਦੱਸਿਆ ਕਿ ਹਸਪਤਾਲ ਵਿੱਚ ਕੋਰੋਨਾ ਵਾਇਰਸ ਤੋਂ ਬਚਾਅ ਲਈ ਸਾਰੇ ਪ੍ਰਬੰਧ ਕੀਤੇ ਗਏ ਹਨ ਅਤੇ ਚਨਾਰਥਲ ਕਲਾਂ ਦੇ ਇਲਾਕੇ ਵਿੱਚ ਪੈਂਦੇ ਪਿੰਡਾਂ ਦੇ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਵਾਸਤੇ ਸਮੂਹ ਫੀਲਡ ਮੈਡੀਕਲ ਤੇ ਪੈਰਾ ਮੈਡੀਕਲ ਸਟਾਫ ਲਗਾਤਾਰ ਡਿਊਟੀ ਦੇ ਰਿਹਾ ਹੈ।

ਡਾ. ਰਮਿੰਦਰ ਕੌਰ ਨੇ ਦੱਸਿਆ ਕਿ ਸ਼ੱਕੀ ਮਰੀਜ਼ਾਂ ਦੇ ਸੰਪਰਕ ਵਿੱਚ ਆਏ ਲੋਕਾਂ ਨੂੰ ਇਕਾਂਤਵਾਸ ਵਿੱਚ ਰੱਖਿਆ ਹੋਇਆ ਹੈ ਜਿਨ੍ਹਾਂ ਦੀ ਨਿਗਰਾਨੀ ਸਮੂਹ ਫੀਲਡ ਸਟਾਫ ਵੱਲੋਂ ਦਿਨ ਰਾਤ ਇੱਕ ਕਰਕੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਾਢੀ ਦੇ ਸੀਜ਼ਨ ਦੌਰਾਨ ਕੰਬਾਈਨਾਂ ਸਬੰਧੀ ਕਾਮਿਆਂ ਜਾਂ ਹੋਰ ਲੇਬਰ ਨੂੰ ਪਿੰਡਾਂ ਦੇ ਸਰਪੰਚਾਂ ਨੂੰ ਕਹਿ ਕੇ ਅਲੱਗ ਰੱਖਣ ਦੇ ਇਤਜ਼ਾਮ ਕੀਤੇ ਗਏ ਹਨ ਅਤੇ ਲੋਕਾਂ ਨੂੰ ਵਾਰ-ਵਾਰ ਇਹੋ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਆਪਣੇ ਘਰਾਂ ਵਿੱਚ ਹੀ ਰਹਿਣ ਅਤੇ ਘਰ ਦਾ ਪੌਸ਼ਟਿਕ ਖਾਣਾ ਖਾਣ।

ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਹ ਵੀ ਕਿਹਾ ਜਾ ਰਿਹਾ ਹੈ ਕਿ ਉਹ ਵਾਰ-ਵਾਰ ਆਪਣੇ ਹੱਥ ਸਾਬਣ ਜਾਂ ਸੈਨੀਟਾਈਜ਼ਰ ਨਾਲ ਸਾਫ ਕਰਨ। ਇਸ ਤੋਂ ਇਲਾਵਾ ਘਰਾਂ ਵਿੱਚ ਰਹਿ ਕੇ ਯੋਗ ਜਾਂ ਕਸਰਤ ਵੀ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਸ ਸਾਰੀ ਸਥਿਤੀ ਸਬੰਧੀ ਦੋ ਨੋਡਲ ਅਫਸਰ ਵੀ ਲਗਾਏ ਗਏ ਹਨ, ਜੋ ਕਿ ਪੂਰੇ ਪ੍ਰਬੰਧਾਂ ਦੀ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਹੋਰ ਦੱਸਿਆ ਕਿ ਰੈਪਿਡ ਰਿਸਪੌਂਸ ਟੀਮਾਂ ਵੀ ਤਿਆਰ ਕੀਤੀਆਂ ਗਈਆਂ ਹਨ ਜੋ ਕਿ ਲੋੜ ਪੈਣ ’ਤੇ ਮਰੀਜਾਂ ਤੱਕ ਪਹੁੰਚਦੀਆਂ ਹਨ ਅਤੇ ਲੋੜੀਂਦੀ ਦਵਾਈ ਦਿੰਦੀਆਂ ਹਨ। ਸੀਨੀਅਰ ਮੈਡੀਕਲ ਅਫਸਰ ਡਾ: ਰਮਿੰਦਰ ਕੌਰ ਵਾਲੀਆ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਸਿਹਤ ਵਿਭਾਗ ਵੱਲੋਂ ਦੱਸੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ

File No.DIPR-PRSS0PRS1(356)/306/2020-DPRO Fatehgarh Sahib

I/18702/2020
http://diprpunjab.gov.in/?q=node/10719

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਬੱਚਿਆਂ ਦੀ ਸੁਰੱਖਿਆ ਲਈ ਜ਼ਿਲ੍ਹਾ ਪੱਧਰ 'ਤੇ ਹੈਲਪ ਲਾਈਨ ਨੰਬਰ ਜਾਰੀ

ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਕਰਫਿਊ ਦੌਰਾਨ ਡਿਪਟੀ ਕਮਿਸ਼ਨਰ ਨੇ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜਾਰੀ ਕੀਤਾ ਹੈਲਪ ਲਾਈਨ ਨੰਬਰ

ਫਤਹਿਗੜ੍ਹ ਸਾਹਿਬ, 16 ਅਪ੍ਰੈਲ :

ਕੋਵਿਡ-19 ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਲਗਾਏ ਕਰਫਿਊ ਅਤੇ ਲਾਕਡਾਊਨ ਦੌਰਾਨ ਬੱਚਿਆਂ ਦੀ ਸੁਰੱਖਿਆ ਲਈ

ਮਹਿਲਾ ਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪੱਧਰ 'ਤੇ ਹੈਲਪ ਲਾਈਨ ਨੰਬਰ ਜਾਰੀ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਕਰਫਿਊ ਤੇ ਲਾਕਡਾਊਨ ਦੌਰਾਨ ਜੇਕਰ ਕਿਸੇ ਵੀ ਬੱਚੇ ਸਬੰਧੀ ਕੋਈ ਸੂਚਨਾ ਦੇਣੀ ਹੋਵੇ ਜਾਂ ਬੱਚਿਆਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਆਉਂਦੀ ਹੈ ਤਾਂ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਭਜਨ ਸਿੰਘ ਮਹਿਮੀ ਦੇ ਮੋਬਾਇਲ ਨੰ: 99143-10010 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਜ਼ਿਲ੍ਹੇ ਵਿੱਚ ਜੇਕਰ ਕੋਈ ਬੱਚਾ ਬੇਸਹਾਰਾ, ਲੋੜਵੰਦ, ਸਰੀਰਕ ਅਤੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਹੈ ਜਾਂ ਬੱਚੇ ਨੂੰ ਕਾਊਂਸਲਿੰਗ ਦੀ ਲੋੜ ਹੋਵੇ ਤਾਂ ਸੁਰੱਖਿਆ ਅਫਸਰ ਦੇ ਮੋਬਾਇਲ ਨੰ: 84373-05040, ਸੁਰੱਖਿਆ ਅਫਸਰ ਦੇ ਮੋਬਾਇਲ ਨੰ: 78375-01659, ਲੀਗਲ ਅਫਸਰ ਦੇ ਮੋਬਾਈਲ ਨੰਬਰ 78889-82465 ਅਤੇ ਚਾਈਲਡ ਹੈਲਪ ਲਾਈਨ ਨੰ: 1098 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਭਜਨ ਸਿੰਘ ਮਹਿਮੀ ਨੇ ਬੱਚਿਆਂ ਦੇ ਮਾਤਾ ਪਿਤਾ ਨੂੰ ਅਪੀਲ ਕੀਤੀ ਕਿ ਉਹ ਆਪਣਾ ਅਤੇ ਆਪਣੇ ਬੱਚਿਆਂ ਦਾ ਪੂਰਾ ਧਿਆਨ ਰੱਖਣ ਅਤੇ ਬੱਚਿਆਂ ਨੂੰ ਘਰਾਂ ਤੋਂ ਬਾਹਰ ਨਾ ਜਾਣ ਦਿੱਤਾ ਜਾਵੇ ਅਤੇ ਖੁਦ ਵੀ ਜੇਕਰ ਕੋਈ ਐਮਰਜੰਸੀ ਹੋਵੇ ਤਾਂ ਹੀ ਘਰੋਂ ਬਾਹਰ ਨਿਕਲਿਆ ਜਾਵੇ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਸ ਮਹਾਂਮਾਰੀ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਹਰੇਕ ਵਰਗ ਦੇ ਲੋਕਾਂ ਨੂੰ ਪੂਰਨ ਸਹਿਯੋਗ ਦੇਣਾ ਚਾਹੀਦਾ ਹੈ।

File No.DIPR-PRSS0PRS1(356)/306/2020-DPRO Fatehgarh Sahib
I/18703/2020

http://diprpunjab.gov.in/?q=node/10718